**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁੱਖਾ ਸਿੰਘ 9465284183
ਪਿੰਡ ਤੇ ਡਾਕਖਾਨਾ ਧਰੰਗ ਵਾਲਾ,
(Dharangwala)ਤਹਿਸੀਲ ਅਬੋਹਰ ਜਿਲਾ ਫਾਜਿਲਕਾ । ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ ਫਿਰੋਜਪੁਰ।

ਪਹਿਲੀ ਅਪੀਲੀ ਅਥਾਰਟੀ ਕਮ ਸਟੇਟ ਟਰਾਂਸਪੋਰਟ ਕਮਿਸ਼ਨਰ
ਪੰਜਾਬ, ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ: 3601/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਮੈਡਮ ਨਵਸੰਗੀਤ, ਪ੍ਰਾਕਸੀ ਐਡਵੋਕੇਟ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-02-2019, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ ਫਿਰੋਜਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਛੋਟਾ ਹਾਥੀ ਸ਼ੇਖ ਫਰੀਦ ਆਟੋ ਕੰਪਨੀ ਤੋਂ ਫਾਈਨੈਂਸ ਤੇ ਖਰੀਦ ਕੀਤਾ ਸੀ ਜਿਸ ਸਬੰਧੀ 02 ਨੁਕਤਿਆਂ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਮੈਡਮ ਨਵਸੰਗੀਤ, ਪ੍ਰਾਕਸੀ ਐਡਵੋਕੇਟ ਪੇਸ਼ ਹੋਏ ਉਨ੍ਹਾਂ ਵਲੋਂ ਮਨੂ ਲੂਨਾ, ਵਕੀਲ ਦਾ ਬਕਾਲਤਨਾਮਾ ਪੇਸ਼ ਕੀਤਾ ਗਿਆ। ਉਨ੍ਹਾਂ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਅੱਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਗਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ 10 ਦਿਨਾਂ ਦੇ ਅੰਦਰ ਅੰਦਰ ਮੁਹੱਈਆ ਕਰਵਾਈ ਜਾਵੇ ਅਤੇ ਹੁਣ ਤੱਕ ਸੂਚਨਾ ਕਿਉਂ ਨਹੀਂ ਦਿੱਤੀ ਗਈ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਕਿਉਂ ਨਹੀਂ ਹੋਏ, ਇਸ ਸੰਬਧੀ ਆਪਣਾ ਸਪਸ਼ੱਟੀਕਰਨ ਦਿੱਤਾ ਜਾਵੇ । ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਮਿਤੀ 04-12-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 13 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁੱਖਚੈਣ ਸਿੰਘ 9463518565
ਸੋਨਾਮ ਮੁੱਹਲਾ ਫਤਿਹਗੜ ਚੂੜਿਆ,
ਤਹਿਸੀਲ ਬਟਾਲਾ ਜਿਲਾ ਗੁਰਦਾਸਪੁਰ । -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਈ.ਓ. ਨਗਰ ਕਾਊਂਸਿਲ ਫਤਿਹਗੜ ਚੂੜਿਆ
ਜਿਲਾ ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ
ਡਿਪਟੀ ਡਾਇਰੈਕਟਰ ਸਥਾਨਕ ਸਰਕਾਰ ਅੰਮ੍ਰਿਤਸਰ। -------ਉੱਤਰਦਾਤਾ

**ਅਪੀਲ ਕੇਸ ਨੰ: 3630 /2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-07-2019, ਲੋਕ ਸੂਚਨਾ ਅਧਿਕਾਰੀ ,ਈ.ਓ. ਨਗਰ ਕਾਊਂਸਿਲ ਫਤਿਹਗੜ ਚੂੜਿਆ ਜਿਲਾ ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡੇਰਾ ਰੋਡ ਸਥਿਤ ਪਾਰਕ ਅੰਦਰ ਜ਼ੋ ਵੇਰਕਾ ਬੂਥ ਲਗਾਇਆ ਗਿਆ ਹੈ ਉਸ ਨਾਲ ਸਬੰਧਤ 08 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 12-11-2019 ਰਾਹੀਂ ਸੂਚਿਤ ਕੀਤਾ ਗਿਆ ਕਿ ਉਸ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਗਰ ਕੌਂਸਿਲ ਵਲੋਂ ਗਲਤ ਨੋਟਿਸ ਭੇਜਿਆ ਗਿਆ ਹੈ ਅਤੇ ਨਾਲ ਹੀ ਬੇਨਤੀ ਕੀਤੀ ਗਈ ਕਿ ਅਗਲੀ ਮਿਤੀ ਦਿੱਤੀ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਨ੍ਹਾਂ ਵਲੋਂ ਈ.ਮੇਲ ਮਿਤੀ 13-11-2019 ਪ੍ਰਾਪਤ ਹੋਈ ਜਿਸ ਵਿਚ ਉਨ੍ਹਾਂ ਨੇ ਬੇਨਤੀ ਕੀਤੀ ਹੈ ਕਿ ਨਗਰ ਕਾਂਉਂਸਲ ਦੇ ਅਧਿਕਾਰੀ/ਕਰਮਚਾਰੀਆਂ ਦੀਆਂ ਡਿਊਟੀਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ਪੁਰਬ ਦੇ ਸਬੰਧ ਵਿਚ 01-11-2019 ਤੋਂ 20-11-2019 ਤੱਕ ਡੇਰਾ ਬਾਬਾ ਨਾਨਕ ਵਿਖੇ ਲਗੀਆਂ ਹਨ ਤੇ ਕੇਸ ਤੇ ਅਗਲੀ ਮਿਤੀ ਮੰਗ ਕੀਤੀ।

4. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਅਪੀਲਕਰਤਾ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ, ਅਪੀਲਕਰਤਾ ਅਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ **ਕੇਸ ਅਗਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ 9356211555
437 ਏ ਮੋਡਲ ਟਾਊਨ ਏਕਸਟੈਂਸ਼ਨ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਮ.ਸੀ. ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ
ਐਮ.ਸੀ. ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 3633/2019**

**ਹਾਜ਼ਰ:-**

1) ਅਪੀਲਕਰਤਾ ਆਪ ਹਾਜ਼ਰ ਹੋਇਆ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019, ਲੋਕ ਸੂਚਨਾ ਅਧਿਕਾਰੀ, ਦਫਤਰ ਐਮ.ਸੀ. ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ ਲੁਧਿਆਣਾ ਵਿਚ ਤੈਨਾਤ ਸਟਾਫ ਨਾਲ ਸਬੰਧਤ 11 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਉਸਨੂੰ ਲੜੀ ਨੰ: 1 ਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਅਤੇ ਲੜੀ ਨੰ: 2 ਤੋਂ 11 ਦਾ ਸਬੰਧ ਲੇਖਾ ਸ਼ਾਖਾ ਨਾਲ ਹੋਣ ਕਰਕੇ ਇਨ੍ਹਾਂ ਪੈਰਿਆ ਦਾ ਜੁਵਾਬ ਦੇਣ ਲਈ ਇਹ ਅਰਜੀ ਆਪਣੇ ਪੱਤਰ ਮਿਤੀ 29-07-2019 ਰਾਹੀਂ ਡੀ.ਸੀ.ਐਫ.ਏ. ਨਗਰ ਨਿਗਮ ਲੁਧਿਆਣਾ ਨੂੰ ਭੇਜ਼ ਦਿੱਤੀ ਗਈ ਹੈ। ਇਸ ਸਬੰਧ ਵਿਚ ਅਪੀਲਕਰਤਾ ਵਲੋਂ ਆਪਣਾ ਜਵਾਬ /ਸਪਸ਼ਟੀਕਰਨ ਪੇਸ਼ ਕੀਤਾ ਗਿਆ ਜੋ ਕਿ ਪੀ.ਆਈ.ਓ.-ਕਮ-ਅਮਲਾ ਸੁਪਰਡੰਟ ਨਗਰ ਨਿਗਮ, ਲੁਧਿਆਣਾ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵਲੋਂ ਇਹ ਵੀ ਦਸਿਆ ਗਿਆ ਕਿ ਸੂਚਨਾ ਮਿਲਣ ਤੇ ਹੀ ਆਪਣੀ ਪ੍ਰਤੀਕਿਰਿਆ ਪ੍ਰਗਟ ਕੀਤੀ ਜਾ ਸਕੇਗੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾਂ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਅਪੀਲਕਰਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਨੂੰ ਉੱਤਰਦਾਤਾ ਲੇਖਾ ਸ਼ਾਖਾ ਪੀ.ਆਈ.ਓ. ਵਲੋਂ ਕਿਸੇ ਕਿਸਮ ਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਪੀ.ਆਈ.ਓ. ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਲੇਖਾ ਸ਼ਾਖਾ ਨੂੰ ਜਾਣਕਾਰੀ ਦੇਣ ਲਈ ਰਿਮਾਇਡਰ ਦਿਤਾ ਜਾਵੇ ਅਤੇ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਜਾਣਕਾਰੀ ਦਿੱਤੀ ਜਾਵੇ। ਇਸ ਹਦਾਇਤ ਨਾਲ ਇਹ **ਕੇਸ ਅਗਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਨਵੰਬਰ , 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ੀਨੂ ਪੱਤਨੀ ਸ਼੍ਰੀ ਅਮਿਤ ਕੁਮਾਰ9803100777
ਫਲੈਟ ਨੰ: ਸੀ 4 ਮਾਰਵੈਲ ਹੋਮਜ ਬੜੇਵਾਲ ਰੋਡ,
(Barewal road) ,ਲੁਧਿਆਣਾ। ------ਸ਼ਿਕਾਇਤ ਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ, ਐਮ.ਸੀ. ਲੁਧਿਆਣਾ। -------- ਉੱਤਰਦਾਤਾ

**ਸ਼ਿਕਾਇਤ ਕੇਸ ਨੰ 856 /2019**

**ਹਾਜ਼ਰ:–**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਜੈ ਕੁਮਾਰ, ਏ.ਟੀ.ਪੀ. (98887-32720) ਅਤੇ ਰਾਜ ਕੁਮਾਰ, ਏ.ਪੀ.ਆਈ.ਓ. (898142-45582)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-07-2019 , ਲੋਕ ਸੂਚਨਾ ਅਧਿਕਾਰੀ ਐਮ.ਸੀ. ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਮ.ਸੀ.ਲੁਧਿਆਣਾ ਤੋਂ ਮੋਤੀਆ ਮਾਰਵਲ ਹੋਮ, ਵੈਰਾਵਾਲ ਰੋਡ, ਲੁਧਿਆਣਾ ਨਾਲ ਸਬੰਧਤ 05 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-09-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਜੈ ਕੁਮਾਰ, ਏ.ਟੀ.ਪੀ. ਅਤੇ ਰਾਜ ਕੁਮਾਰ, ਏ.ਪੀ.ਆਈ.ਓ. ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 335/ਏ.ਟੀ.ਪੀ.-ਡੀ/ਆਰ.ਟੀ.ਆਈ-ਡੀ ਮਿਤੀ 08-11-2019 ਪੇਸ਼ ਕੀਤਾ ਗਿਆ ਜਿਸ ਅਨੁਸਾਰ ਉਨ੍ਹਾਂ ਵਲੋ ਸ੍ਰੀਮਤੀ ਸ਼ੀਨੂੰ ਪਤਨੀ ਸ੍ਰੀ ਅਮਿਤ ਕੁਮਾਰ ਵਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਪੱਤਰ ਨੰ: 285/ਏ.ਟੀ.ਪੀ.-ਡੀ/ਆਰ.ਟੀ.ਆਈ-ਡੀ ਮਿਤੀ 04-10-2019 ਰਾਹੀਂ ਪਹਿਲਾਂ ਹੀ ਸਪੀਡ ਪੋਸਟ ਰਾਹੀਂ ਮੁਹੱਈਆ ਕਰਵਾਈ ਜਾ ਚੁੱਕੀ ਹੈ । ਦੋਵੇਂ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

4. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਵਿਜੈ ਕੁਮਾਰ, ਏ.ਟੀ.ਪੀ. ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਪੱਤਰ ਨੰ: 285/ਏ.ਟੀ.ਪੀ.-ਡੀ/ਆਰ.ਟੀ.ਆਈ-ਡੀ ਮਿਤੀ 04-10-2019 ਸਪੀਡ ਪੋਸਟ ਮਿਤੀ 11-10-2019 ਰਾਹੀਂ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਸਬੰਧੀ ਪੱਤਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਕਾਪੀ ਕਮਿਸ਼ਨ ਨੂੰ ਭੇਜੀ ਜਾਵੇ। ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਕਾਪੀ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ **ਸੁਣਵਾਈ ਲਈ ਮਿਤੀ 02-12-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 13 ਨਵੰਬਰ , 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼ੈਰੀ ਬੰਸਲ

ਡਕਾਲਾ ਕਲੋਥ ਇਮਪੋਰੀਅਮ,

ਕਰੀਸ਼ਨਾ ਬਸਤੀ ਸਮਾਨਾ, ਜ਼ਿਲ੍ਹਾ ਪਟਿਆਲਾ।

-------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਰਜਿਸਟਰਾਰ,

ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ, ਡੀਨ ਅਕੈਡਮਿਕ ਅਫੇਅਰਸ,

ਪੰਜਾਬੀ ਯੂਨੀਵਰਸਿਟੀ, ਪਟਿਆਲਾ।

------ ਉੱਤਰਦਾਤਾ

ਅਪੀਲ ਕੇਸ ਨੰ 3135/2019

ਹਾਜ਼ਰ:-

1) ਅਪੀਲਕਰਤਾ ਸ੍ਰੀ ਸ਼ੈਰੀ ਬਾਂਸਲ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ

ਹੁੱਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-04-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ B.Tech Lateral Entry in 5 Year Engineering Management Intergrated Programme, Part-II Course, Civil Engineering ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

ਪਿਛਲੀ ਪੇਸ਼ੀ ਦੀ ਮਿਤੀ 11-10-2019 ਨੂੰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਰਾਹੀਂ ਬੇਨਤੀ ਕੀਤੀ ਗਈ ਕਿ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਉਸਨੂੰ ਅਗਲੀ ਮਿਤੀ ਦਿੱਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਹਾਜ਼ਰ ਸ੍ਰੀ ਵਿਕਰਾਂਤ ਸ਼ਰਮਾਂ ਵਕੀਲ ਵਲੋਂ ਪੇਸ਼ੀ ਦੋਰਾਨ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨੰ: ਐਸ.1/428-19/ਆਰ.ਟੀ.ਆਈ. /7578 ਮਿਤੀ 10-10-2019 ਪੇਸ਼ ਕੀਤਾ ਗਿਆ । ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਇਸ ਦੇ ਨਾਲ ਹੀ ਉਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਗਈ ਕਿ ਪੇਸ਼ ਕੀਤੇ ਗਏ ਉਕਤ ਪੱਤਰ/ਜਵਾਬ ਦੀ ਕਾਪੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸਿੱਧੇ ਤੌਰ ਤੇ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੇ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਦੀਆਂ ਹਨ ਤਾਂ ਉੱਤਰ ਦੀ ਕਾਪੀ ਦੀ ਪ੍ਰਾਪਤੀ ਤੋਂ 10 ਦਿਨਾਂ ਦੇ ਅੰਦਰ ਅੰਦਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਸ਼ੈਰੀ ਬਾਂਸਲ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਦਿੱਤਾ ਗਿਆ ਉੱਤਰ ਸਹੀ ਨਹੀਂ ਹੈ।ਜਿਸ ਸਬੰਧੀ ਉਸ ਵਲੋਂ ਪੱਤਰ ਮਿਤੀ 23-10-2019 ਰਾਹੀਂ ਆਪਣੇ ਇਤਰਾਜ਼ ਪੇਸ਼ ਕੀਤੇ ਗਏ ਸਨ, ਪੱਤਰ ਮਿਸਲ ਤੇ ਉਪਲਬਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ ਹਾਜ਼ਰ ਹੋਇਆ। ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸਮੇ ਸਮੇਂ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਅਪੀਲ ਕੇਸ ਨੰ 3135/2019

ਹੈ। ਅੱਜ ਵੀ ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਪੱਤਰ ਨੰ: 8410/ਐਸ-1/428-19/ਆਰ.ਟੀ.ਆਈ.ਸੈੱਲ ਮਿਤੀ 07-11-2019 ਪੇਸ਼ ਕੀਤਾ ਗਿਆ ਜੋ ਕਿ ਕਮਿਸ਼ਨ ਨੂੰ ਸੰਬੋਧਤ ਹੈ, ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮਿਤੀ 25-10-2019 ਨੂੰ ਤਰੁੱਟੀਆਂ ਪੇਸ਼ ਕੀਤੀਆਂ ਗਈਆਂ ਸਨ, ਜਿਸਦਾ ਜਵਾਬ ਉਨ੍ਹਾਂ ਵਲੋਂ ਪੱਤਰ ਨੰਬਰ: 8410/ਐਸ-1/428-19/ਆਰ.ਟੀ.ਆਈ.ਸੈੱਲ ਮਿਤੀ 06-11-2019 ਸਹਿ ਪੱਤਰਾਂ ਸਹਿਤ ਰਜਿਸਟਰਡ ਡਾਕ ਰਾਹੀਂ ਭੇਜ਼ ਦਿੱਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਗਏ ਹਨ।

4. ਦੋਨਾਂ ਧਿਰਾਂ ਅੱਜ ਪੇਸ਼ੀ ਤੇ ਹਾਜ਼ਰ ਹੋਈਆਂ। ਅਪੀਲਕਰਤਾ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਆਪਣੇ ਪੱਤਰ ਨੰ: ਐਸ.1/428-19/ ਆਰ.ਟੀ.ਆਈ. /7578 ਮਿਤੀ 10-10-2019 ਪੱਤਰ/ਜਵਾਬ ਦੀ ਕਾਪੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸਿੱਧੇ ਤੌਰ ਤੇ ਭੇਜ਼ ਦਿੱਤਾ ਗਿਆ ਸੀ ਅਤੇ ਅਪੀਲਕਰਤਾ ਵਲੋਂ ਇਸ ਸਬੰਧ ਵਿਚ ਦਰਜ਼ ਕਰਵਾਏ ਗਏ ਇਤਰਾਜ ਸਬੰਧੀ ਆਪਣਾ ਜਵਾਬ/ਸਪੱਸ਼ਟੀਕਰਨ ਵੀ ਪੱਤਰ ਨੰ: ਐਸ.1/428-19/ ਆਰ.ਟੀ.ਆਈ. /7578 ਮਿਤੀ 06-11-2019 ਰਾਹੀਂ ਅਪੀਲਕਰਤਾ ਨੂੰ ਸਪੀਡ ਪੋਸਟ ਰਾਹੀਂ ਭੇਜ਼ ਦਿੱਤਾ ਗਿਆ ਹੈ। ਇਸ ਲਈ ਮੈ ਉੱਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 13 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਨਰੇਸ਼ ਕੁਮਾਰ 01812742174 9501814235

21/01, ਕੈਂਪ ਏਰੀਆ, ਏਅਰ ਫੋਰਸ ਸਟੇਸ਼ਨ,

ਅਦਮਪੁਰ ਦੁਆਬਾ, ਜ਼ਿਲ੍ਹਾ ਜਲੰਧਰ. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਜਨਰਲ ਮੈਨੇਜਰ , ਪੀ.ਐੱਸ.ਆਈ.ਈ.ਸੀ ਸੈਕਟਰ 17,

ਉਦਯੋਗ ਭਵਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ, ਇਸਟੇਟ ਵਿੰਗ,

ਪੀ.ਐੱਸ.ਆਈ.ਈ.ਸੀ, ਉਦਯੋਗ ਭਵਨ, ਸੈਕਟਰ 17, ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

ਅਪੀਲ ਕੇਸ ਨੰ 3168/2019

ਹਾਜ਼ਰ:-

1) ਅਪੀਲਕਰਤਾ ਸ੍ਰੀ ਨਰੇਸ਼ ਕੁਮਾਰ ਹਾਜ਼ਰ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

ਹੁੱਕਮ:

ਪਿਛਲੀ ਪੇਸ਼ੀ 11-10-2019 ਨੂੰ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਹ ਦਿੱਤੇ ਗਏ ਉੱਤਰ ਨਾਲ ਸਹਿਮਤ ਨਹੀਂ। ਇਸ ਲਈ ਉਸ ਨੂੰ ਸਹੀ ਅਤੇ ਮੁਕੰਮਲ ਸੂਚਨਾ ਮੁਹੱਈਆ ਕਰਵਾਈ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਹਾਜ਼ਰ ਸ੍ਰੀ ਵਿਜੈਪਾਲ ਸਿੰਘ, ਡਿਪਟੀ ਮੈਨੇਜਰ ਵਲੋਂ ਪੇਸ਼ੀ ਦੋਰਾਨ ਦਸਿਆ ਗਿਆ ਕਿ ਅਪੀਲਕਰਤਾ ਨੂੰ ਉਨ੍ਹਾਂ ਵਲੋਂ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ । ਇਸ ਸਬੰਧ ਵਿਚ ਉਨ੍ਹਾਂ ਵਲੋਂ ਦਸਿਆ ਗਿਆ ਕਿ ਪੱਤਰ ਨੰ: ਪਲਉਨਿਨਿ/ਏ.ਪੀ.ਆਈ.ਓ/ਅਪੀਲ ਕੇਸ/30787 ਮਿਤੀ 09-10-2019 ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਵੀ ਕੀਤਾ ਗਿਆ ਹੈ। ਪੱਤਰ ਮਿਤੀ 09-10-2019 ਮਿਸਲ ਤੇ ਉਪਲਬਧ ਹੈ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਦਿੱਤੇ ਗਏ ਉੱਤਰ ਨਾਲ ਅਪੀਲਕਰਤਾ ਸੰਤੁਸ਼ਟ ਨਹੀਂ ਸੀ ਅਤੇ ਉਸਨੇ ਬੇਨਤੀ ਕੀਤੀ ਗਈ ਸੀ ਕਿ ਸਹੀ ਸੂਚਨਾ ਮੁਹੱਈਆ ਕਰਵਾਈ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੇ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਦੀਆਂ ਹਨ ਤਾਂ ਉੱਤਰ ਦੀ ਕਾਪੀ ਦੀ ਪ੍ਰਾਪਤੀ ਤੋਂ 10 ਦਿਨਾਂ ਦੇ ਅੰਦਰ ਅੰਦਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਨਰੇਸ਼ ਕੁਮਾਰ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਸਹੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਅਪੀਲਕਰਤਾ ਵਲੋਂ ਆਪਣੇ ਪੱਤਰ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਉਸਨੂੰ ਲੜੀ ਨੰ: 1,2,3,4,10 ਤੋਂ19 ਤੱਕ ਦੀ ਸੂਚਨਾ ਪ੍ਰਿੰਟਿੰਗ ਫਾਰਮ ਵਿਚ ਮੁਹੱਈਆ ਨਹੀਂ ਕਰਵਾਈ ਗਈ। ਜ਼ੋ ਸੂਚਨਾ ਦਿੱਤੀ ਗਈ ਹੈ ਉਹ ਸਹੀ ਨਹੀਂ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਪਿਛਲੀ ਮਿਤੀ 11-10-2019 ਨੂੰ ਉੱਤਰਦਾਤਾ ਸ੍ਰੀ ਵਿਜੈਪਾਲ, ਡਿਪਟੀ ਮੈਨੇਜ਼ਰ ਵਲੋਂ ਦਸਿਆ ਗਿਆ ਸੀ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਤਰੁੱਟੀਆਂ ਨੋਟ ਕਰਵਾਉਣ ਲਈ ਅਗਲੀ ਤਾਰੀਖ ਦਿੱਤੀ ਗਈ ਸੀ। ਅਪੀਲਕਰਤਾ ਵਲੋਂ ਪੱਤਰ ਮਿਤੀ 28-10-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਮਿਤੀ 31-10-2019 ਨੂੰ ਪ੍ਰਾਪਤ ਹੋਇਆ ਜਿਸਦਾ ਉੱਤਾਰਾ ਉੱਤਰਦਾਤਾ ਨੂੰ ਵੀ ਕੀਤਾ ਗਿਆ ਹੈ ਅਤੇ ਉਸਨੇ ਦਸਿਆ ਕਿ ਉਸ ਵਲੋਂ ਉੱਤਰਦਾਤਾ ਨੂੰ ਵੀ ਇਹ ਪੱਤਰ ਮਿਤੀ 31-10-2019 ਨੂੰ ਦਸਤੀ ਦੇ ਦਿੱਤਾ ਗਿਆ ਸੀ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸਨੂੰ ਭੇਜੀਆਂ ਗਈਆਂ ਤਰੁੱਟੀਆਂ ਦਾ ਜਵਾਬ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦਿੱਤਾ ਜਾਵੇ ਅਤੇ ਕਮਿਸ਼ਨ ਦੇ ਸਾਹਮਣੇ ਪੇਸ਼ ਹੋਣਾ ਯਕੀਨੀ ਬਣਾਇਆ ਜਾਵੇ ਤਾਂ ਜ਼ੋ ਦੋਨਾਂ ਧਿਰਾਂ ਦੇ ਆਹਮਣੇ ਸਾਹਮਣੇ ਪੇਸ਼ ਹੋ ਕੇ ਨਿਪਟਾਰਾ ਹੋ ਸਕੇ।ਇਸ ਲਈ ਇਹ ਕੇਸ ਅਗਲੀ **ਸੁਣਵਾਈ ਲਈ ਮਿਤੀ 04-12-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 13 ਨਵੰਬਰ , 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਵਨ ਕੁਮਾਰ

ਮਕਾਨ ਨੰ3304 , ਸੈਕਟਰ24 -ਡੀ, ਚੰਡੀਗੜ੍ਹ -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਰਜਿਸਟਰਾਰ ਆਫ ਫਰਮਸ ਅਤੇ ਸੁਸਾਇਟੀਸ,

ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ

ਰਜਿਸਟਰਾਰ ਆਫ ਫਰਮਜ਼ ਅਤੇ ਸੁਸਾਇਟੀਸ, ਪੰਜਾਬ, ਚੰਡੀਗੜ੍ਹ। -----**ਉੱਤਰਦਾਤਾ**

ਅਪੀਲ ਕੇਸ ਨੰ 3192/2019

ਹਾਜ਼ਰ:-

1) ਅਪੀਲਕਰਤਾ ਸ੍ਰੀ ਪਵਨ ਕੁਮਾਰ ਹਾਜ਼ਰ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੈਮੁਅਲ, ਸੀਨੀਅਰ ਸਹਾਇਕ (99880-14245) ਅਤੇ ਸ੍ਰੀ ਹਰਸ੍ਵੀਰ ਸਿੰਘ, ਇੰਨਸਪੈਕਟਰ (97803-84632)

ਹੁੱਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-04-2019, **ਲੋਕ ਸੂਚਨਾ ਅਧਿਕਾਰੀ ਰਜਿਸਟਰਾਰ ਆਫ ਫਰਮਸ ਅਤੇ ਸੁਸਾਇਟੀਸ,ਪੰਜਾਬ, ਚੰਡੀਗੜ੍ਹ,** ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵਲੋਂ ਕੋਆਪਰੇਟਿਵ ਸੁਸਾਇਟੀ ਵਿਚ ਫਲੈਟ ਟਰਾਂਸਫਰ ਕਰਨ ਦੇ ਢੰਗ ਨਾਲ ਸਬੰਧਤ 08 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 11-10-2019 ਨੂੰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋ ਦਸਿਆ ਗਿਆ ਕਿ ਉਤਰਦਾਤਾ ਵਲੋ ਉਸ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਦਾ ਪੱਤਰ ਮਿਤੀ 29-04-2019 ਉਨ੍ਹਾਂ ਨੂੰ ਪ੍ਰਾਪਤ ਨਹੀਂ ਹੋਇਆ ਪਰ ਮਿਤੀ 27-06-2019 ਦਾ ਪੱਤਰ ਉਨ੍ਹਾਂ ਦੇ ਦਫਤਰ ਵਿਚ ਪ੍ਰਾਪਤ ਹੋਇਆ ਸੀ। ਇਸ ਸਬੰਧ ਵਿਚ ਉਨ੍ਹਾਂ ਵਲੋਂ ਆਪਣੇ ਪੱਤਰ ਮੀਮੋ ਨੰ: ਰਫਸ/ਆਰ. ਟੀ.ਆਈ/ਚੰਡੀਗੜ੍ਹ-6025 ਮਿਤੀ 26-07-2019 ਰਾਹੀਂ ਪਹਿਲਾਂ ਹੀ ਅਪੀਲਕਰਤਾ ਨੂੰ ਉੱਤਰ ਦਿੱਤਾ ਗਿਆ ਕਿ ਜ਼ੋ ਜਾਣਕਾਰੀ ਮੰਗੀ ਜਾ ਰਹੀ ਹੈ ਉਸਦਾ ਰਜਿਸਟਰੇਸ਼ਨ ਨੰਬਰ ਅਤੇ ਸਾਲ ਦਸਿਆ ਜਾਵੇ।ਦੋਹਾਂ ਧਿਰਾਂ ਸਾਹਮਣੇ ਵਿਚਾਰ ਵਿਟਾਂਦਰੇ ਤੇ ਇਹ ਸਾਹਮਣੇ ਆਇਆ ਕਿ ਅਪੀਲਕਰਤਾ ਕੇਵਲ ਪਲਾਟ ਟਰਾਂਸਫਰ ਕਰਨ ਦੇ ਰੂਲ ਜਾਣਨਾ ਚਾਹੁੰਦਾ ਹੈ। ਜਿਸ ਦਾ ਸਬੰਧ ਕਿਸੇ ਤਰ੍ਹਾਂ ਵੀ ਰਜਿਸਟਰੇਸ਼ਨ ਆਫ ਸੋਸਾਇਟੀ ਨਾਲ ਨਹੀਂ ਹੈ। ਇਸ ਦਾ ਸਬੰਧ ਰਜਿਸਟਰਾਰ ਕੋ-ਕੋਆਪਰੇਟਿਵ ਸੋਸਾਇਟੀ ਨਾਲ ਹੋ ਸਕਦਾ ਹੈ। ਇਸ ਲਈ ਹਾਜ਼ਰ ਉਤਰਦਾਤਾ ਨੂੰ ਸਮਝਾ ਦਿੱਤਾ ਗਿਆ ਕਿ ਪ੍ਰਾਰਥੀ ਦੀ ਅਰਜੀ ਟਰਾਂਸਫਰ ਕਰਕੇ ਕਮਿਸਨ ਨੂੰ ਦਸਿਆ ਜਾਵੇ ਅਤੇ ਉਨ੍ਹਾਂ ਨੂੰ ਲਿਖਿਆ ਜਾਵੇ ਕਿ ਅਪੀਲਕਰਤਾ ਨੂੰ ਜਾਣਕਾਰੀ 15 ਦਿਨਾਂ ਦੇ ਅੰਦਰ ਅੰਦਰ ਦੇਣ। ਇਸ ਦੇ ਨਾਲ ਹੀ ਲੋਕ ਸੂਚਨਾ ਅਧਿਕਾਰੀ ਰਜਿਸਟਰਾਰ ਕੋ-ਆਰਪਰੇਟਿਵ ਸੋਸਾਇਟੀ ਅਗਲੀ ਮਿਤੀ ਤੇ ਆਪਣਾ ਪੱਖ ਪੇਸ਼ ਕਰਨ। ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਅਪੀਲਕਰਤਾ ਸ੍ਰੀ ਪਵਨ ਕੁਮਾਰ ਹਾਜ਼ਰ ਹੋਇਆ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੈਮੁਅਲ, ਸੀਨੀਅਰ ਸਹਾਇਕ ਅਤੇ ਸ੍ਰੀ ਹਰਸ੍ਵੀਰ ਸਿੰਘ, ਇੰਨਸਪੈਕਟਰ ਹਾਜ਼ਰ ਹੋਏ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਦਸਿਆ ਗਿਆ ਕਿ ਸ੍ਰੀ ਪਵਨ ਕੁਮਾਰ ਵਲੋਂ ਮਗੀ ਗਈ ਗਈ ਸੂਚਨਾ ਪੰਨਾ 1 ਤੋਂ 34 ਨਾਲ ਲੈ ਕੇ ਆਏ ਹਨ। ਪੱਤਰ ਮਿਸਲ ਤੇ ਰੱਖ ਲਿਆ ਹੈ।

5. ਉੱਤਰਦਾਤਾ ਵਲੋਂ ਲਿਆਂਉਦੀ ਗਈ ਸੂਚਨਾ ਪੇਸ਼ੀ ਦੋਰਾਨ ਅਦਾਲਤ ਦੇ ਸਾਹਮਣੇ ਅਪੀਲਕਰਤਾ ਸ੍ਰੀ ਪਵਨ ਕੁਮਾਰ ਨੂੰ ਦਸਤੀ ਰਸੀਵ ਕਰਵਾ ਦਿੱਤੀ ਗਈ ਹੈ, ਜਿਸ ਤੋਂ ਅਪੀਲਕਰਤਾ ਵਲੋਂ ਸਤੁਸ਼ਟੀ ਪ੍ਰਗਟਾਈ ਗਈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 13 ਨਵੰਬਰ , 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ ਗੁਪਤਾ, (94639-90768)
ਮਕਾਨ ਨੰ:738, ਸੈਕਟਰ 41-ਏ,
ਚੰਡੀਗੜ੍ਹ। ----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼,
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਸੰਯੁਕਤ ਡਾਇਰੈਕਟਰ,
ਉਦਯੋਗ ਵਿਭਾਗ, ਪੰਜਾਬ,
ਚੰਡੀਗੜ੍ਹ। ---------ਉੱਤਰਦਾਤਾ

**ਅਪੀਲ ਕੇਸ ਨੰ: 1832/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਲਬੀਰ ਸਿੰਘ, ਕਲਰਕ

**ਹੁੱਕਮ:**

ਪਿਛਲੀ ਮਿਤੀ 11-10-2019 ਨੂੰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਵਲੋਂ ਉਤਰਦਾਤਾ ਨੂੰ ਪੰਜਾਬ ਲਾਈਵਸਟੋਕ ਡਿਵੈਲਪਮੈਂਟ ਬੋਰਡ ਦੇ ਰਜਿਸਟਰੇਸ਼ਨ ਨੰ: ਅਤੇ ਸਾਲ ਬਾਰੇ ਸੂਚਿਤ ਨਹੀਂ ਕੀਤਾ ਗਿਆ ਸੀ ਜਿਸ ਉਪਰੰਤ ਹੀ ਉਤਰਦਾਤਾ ਵਲੋ ਅਪੀਲਕਰਤਾ ਨੂੰ ਬਣਦੀ ਸੂਚਨਾ ਦਿੱਤੀ ਜਾਣੀ ਸੀ। ਇਸ ਲਈ ਉਤਰਦਾਤਾ ਅਤੇ ਅਪੀਲਕਰਤਾ ਦੀ ਸਹਿਮਤੀ ਨਾਲ ਇਸ ਕੇਸ ਅਗਲੀ ਮਿਤੀ 13-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ। ਪਰ ਉਸ ਵਲੋਂ ਈ.ਮੇਲ ਰਾਹੀਂ ਦਸਿਆ ਗਿਆ ਕਿ ਉਸ ਵਲੋਂ ਪੇਸ਼ੀ ਦੋਰਾਨ ਸ਼੍ਰੀ ਅਮਰਜੀਤ ਸਿੰਘ ਨੂੰ ਨੰਬਰ ਅਤੇ ਸਾਲ ਦਸ ਦਿੱਤਾ ਗਿਆ ਸੀ। ਪਰ ਅਜੇ ਤੱਕ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਲਬੀਰ ਸਿੰਘ, ਕਲਰਕ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਦੀ ਅਰਜੀ ਮੁਹਾਲੀ ਵਾਲੇ ਦਫਤਰ ਨੂੰ ਟਰਾਂਸਫਰ ਕਰ ਦਿੱਤੀ ਗਈ ਹੈ।

4. ਇਸ ਕੇਸ ਵਿਚ ਪਿਛਲੀ ਮਿਤੀ 11-10-2019 ਦੋਨਾਂ ਧਿਰਾਂ ਦੀ ਸਹਿਮਤੀ ਬਣ ਗਈ ਸੀ ਕਿ ਰਜਿਸਟਰੇਨ ਅਤੇ ਸਾਲ ਬਾਰੇ ਅਪੀਲਕਰਤਾ ਮੇਲ ਅਤੇ ਰਜਿਸਟਰਡ ਪੋਸਟ ਰਾਹੀਂ ਸੂਚਿਤ ਕਰਦੇਵੇਗਾ । ਉੱਤਰਦਾਤਾ ਨੇ ਪੇਸ਼ ਹੋ ਕੇ ਦਸਿਆ ਕਿ ਅਪੀਲਕਰਤਾ ਦੀ ਅਰਜੀ ਟਰਾਂਸਫਰ ਕਰ ਦਿੱਤੀ ਗਈ ਹੈ। ਇਸ ਲਈ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼, ਮੋਹਾਲੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਸਿੱਧੇ ਤੌਰ ਤੇ ਰਜਿਸਟਰਡ ਪੋਸਟ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ **ਸੁਣਵਾਈ ਲਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 13 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਕੀਮਤੀ ਲਾਲ ਕਸ਼ਿਅਪ (789757100)
ਪੁੱਤਰ ਸ੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਵਾਸੀ ਟੀਚਰ ਕਲੋਨੀ , ਨਵਾਂਸ਼ਹਿਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜਿਲਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ। ------ ਉੱਤਰਦਾਤਾ

**ਕੰਪਲੇਟ ਕੇਸ ਨੰ: 647 / 2019**

**ਹਾਜ਼ਰ:-** 1) ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਹਰਮਨ ਸਿੰਘ, (98152-48391)

**ਹੁੱਕਮ:**

ਪਿਛਲੀ ਸੁਣਵਾਈ, ਮਿਤੀ 22-10-2019 ਨੂੰ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਈ.ਮੇਲ ਜਾਂ ਸੂਚਨਾ ਹੀ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜ਼ਪਾਲ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਮੁਲਾਜ਼ਮਾਂ ਦੀ ਹੜਤਾਲ ਚਲ ਰਹੀ ਹੈ। ਇਸ ਲਈ ਬੇਨਤੀ ਕੀਤੀ ਗਈ ਕਿ ਇਸ ਕੇਸ ਵਿਚ ਅਗਲੀ ਮਿਤੀ ਦਿੱਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਪੇਸ਼ ਹੋਏ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਵਲੋਂ ਮੰਗੀ ਗਈ, ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

**2.** ਸ਼ਿਕਾਇਤਕਰਤਾ ਹਾਜ਼ਰ ਨਹੀ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਹਰਮਨ ਸਿੰਘ,ਹਾਜ਼ਰ ਹੋਇਆ। ਉਸ ਵਲੋਂ ਆਪਣੇ ਦਫਤਰ ਦਾ ਪੱਤਰ ਨੰ: 12698 ਐਮ.ਏ./ਐਮ.ਸੀ. ਮਿਤੀ 08-11-2019 ਪੇਸ਼ ਕੀਤਾ ਗਿਆ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਲੋਕ ਸੂਚਨਾ ਅਫਸਰ, ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਵਲੋਂ ਪੇਸ਼ ਕੀਤੇ ਗਏ ਮਿਤੀ 08-11-2019 ਅਨੁਸਾਰ ਉਨ੍ਹਾਂ ਵਲੋਂ ਦਸਿਆ ਗਿਆ ਕਿ ਪ੍ਰਾਰਥੀ ਦੀ ਅਰਜੀ ਜਿਲਾ ਉਦਯੋਗ ਕੇਂਦਰ, ਸਹਿਦ ਭਗਤ ਸਿੰਘ ਨਗਰ ਨੂੰ ਟਰਾਂਸਫਰ ਕਰ ਦਿੱਤੀ ਗਈ ਸੀ ਪ੍ਰੰਤੂ ਉਨ੍ਹਾਂ ਵਲੋਂ ਇਸ ਸਬੰਧ ਵਿਚ ਕੋਈ ਰਿਪੋਰਟ ਨਹੀ ਆਈ। ਪਾਰਥੀ ਦੀ ਆਰ.ਟੀ.ਆਈ ਦਰਖਾਸਤ ਦਾ ਸਬੰਧ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ, ਨਗਰ ਦੀ ਕਿਸੇ ਵੀ ਸ਼ਾਖਾ ਨਾਲ ਨਹੀਂ ਹੈ ਇਸ ਲਈ ਪ੍ਰਾਰਥੀ ਨੂੰ ਹਦਾਇਤ ਕੀਤੀ ਜਾਵੇ ਕਿ ਸਬੰਧਤ ਵਿਭਾਗ ਦੇ ਪੀ.ਆਈ.ਓ. ਪਾਸੋ ਸੂਚਨਾ ਸਿੱਧੇ ਤੌਰ ਤੇ ਪ੍ਰਾਪਤ ਕਰੇ ਜਾਂ ਉਸ ਵਿਭਾਗ ਦਾ ਨਾਮ ਅਤੇ ਪਤਾ ਦਸੇ ਤਾਂ ਜ਼ੋ ਉਸਦੀ ਦਰਖਾਸਤ ਆਰ.ਟੀ.ਆਈ. ਐਕਟ ਤਹਿਤ ਸਬੰਧਤ ਵਿਭਾਗ ਨੂੰ ਤਬਦੀਲ ਕੀਤੀ ਜਾ ਸਕੇ। ਇਸ ਲਈ ਉੱਤਰਦਾਤਾ ਵਲੋਂ ਦਿੱਤਾ ਗਿਆ ਉੱਤਰ ਠੀਕ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਵਨ ਕੁਮਾਰ ਸ਼ਰਮਾ 9463950619
ਕੋਠੀ ਨੰ 585 ਫੇਸ 2 ਮੁਹਾਲੀ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜਿਲਾ ਮੈਨੇਜਰ ,ਜਿਲਾ ਇੰਡਸਟਰੀਜ ਸੈਂਟਰ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜਿਲਾ ਮੈਨੇਜਰ ,ਜਿਲਾ ਇੰਡਸਟਰੀਜ ਸੈਂਟਰ ਮੁਹਾਲੀ। ----ਉੱਤਰਦਾਤਾ

**ਅਪੀਲ ਕੇਸ ਨੰ: 3469/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਪਵਨ ਕੁਮਾਰ ਸ਼ਰਮਾਂ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ 23-10-2019 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਨਾ ਹਾਜ਼ਰ ਹੋਣ ਬਾਰੇ ਕੋਈ ਈ.ਮੇਲ ਹੀ ਪ੍ਰਾਪਤ ਹੋਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਗਜੀਤ ਸਿੰਘ, ਜੇ.ਟੀ.ਏ. ਅਤੇ ਪ੍ਰੇਮ ਲੱਤਾ, ਸੁਪਰਡੰਟ ਹਾਜ਼ਰ ਹੋਏ। ਉਨ੍ਹਾਂ ਵਲੋਂ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨੰ: ਜਿਓਕੇ/ਐਸ.ਏ.ਐਸ.ਐਨ/4403 ਮਿਤੀ 22-10-2019 ਪੇਸ਼ ਕੀਤਾ ਗਿਆ ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਸੀ ਰਾਹੀਂ ਦਸਿਆ ਗਿਆ ਕਿ ਸਰਕਾਰੀ ਬਿਲਡਿੰਗ ਹੋਣ ਕਾਰਨ ਇਸ ਦੀ ਮੇਨਟੈਨੈਂਸ ਆਦਿ ਦਾ ਕੰਮ ਪੀ.ਡਬਲਿਊ.ਡੀ ਵਿਭਾਗ ਵਲੋਂ ਵੇਖਿਆ ਜਾਂਦਾ ਹੈ ਅਤੇ ਉਨ੍ਹਾਂ ਦੇ ਦਫਤਰ ਨਾਲ ਸਬੰਧਤ ਸੂਚਨਾ ਬਿਨੈਕਾਰ ਨੂੰ ਦੇ ਦਿੱਤੀ ਸੀ। ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਪੇਸ਼ੀ ਤੇ ਹਾਜ਼ਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦਿਆਂ ਸ੍ਰੀ ਜਗਜੀਤ ਸਿੰਘ, ਜੇ.ਟੀ.ਏ. ਅਤੇ ਸ੍ਰੀਮਤੀ ਪ੍ਰੇਮ ਲੱਤਾ, ਸੁਪਰਡੰਟ ਵਲੋਂ ਪੇਸ਼ ਕੀਤੇ ਗਏ ਉੱਤਰ ਰਾਹੀਂ ਦਸਿਆ ਗਿਆ ਸੀ ਕਿ ਉਨ੍ਹਾਂ ਦੇ ਦਫਤਰ ਨਾਲ ਸਬੰਧਤ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਦੇ ਦਿੱਤੀ ਗਈ ਹੈ। ਅੱਜ ਅਪੀਲਕਰਤਾ ਹਾਜ਼ਰ ਨਹੀਂ ਹੋਇਆ, ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਦਫਤਰ ਜਿਲਾ ਮੈਨੇਜਰ ,ਜਿਲਾ ਇੰਡਸਟਰੀਜ ਸੈਂਟਰ ਮੁਹਾਲੀ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਜਿਲਾ ਮੈਨੇਜਰ ,ਜਿਲਾ ਇੰਡਸਟਰੀਜ ਸੈਂਟਰ ਮੁਹਾਲੀ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਅਪੀਲਕਰਤਾ ਵਲੋਂ ਦੱਸੀਆਂ ਤਰੁੱਟੀਆਂ ਪ੍ਰਾਪਤ ਹੁੰਦੀਆਂ ਹਨ ਤਾਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅਪੀਲਕਰਤਾ ਸ੍ਰੀ ਪਵਨ ਕੁਮਾਰ ਸ਼ਰਮਾਂ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਪੱਤਰ ਮਿਤੀ 13-11-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਉੱਤਰਦਾਤਾ ਦਾ ਟੈਲੀਫੋਨ ਆਇਆ ਸੀ, ਉਸਨੇ ਦਸਿਆ ਗਿਆ ਕਿ ਉਸਦਾ ਐਕਸੀਡੈਂਟ ਹੋ ਗਿਆ ਹੈ ਇਸ ਲਈ ਉਹ ਹਾਜ਼ਰ ਨਹੀਂ ਹੋਵੇਗਾ।

4. ਇਹ ਕੇਸ ਅੱਜ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਲਈ ਨਿਸਚਿਤ ਕੀਤੀ ਗਈ ਸੀ। ਅਪੀਲਕਰਤਾ ਵਲੋਂ ਉੱਤਰਦਾਤਾ ਵਲੋਂ ਦਿੱਤੇ ਉੱਤਰ ਤੇ ਪਾਈਆਂ ਗਈਆਂ ਤਰੁੱਟੀਆਂ ਸਬੰਧੀ ਪੱਤਰ ਮਿਤੀ 13-11-2019 ਪੇਸ਼ੀ ਦੋਰਾਨ ਕਮਿਸ਼ਨ ਨੂੰ ਪੇਸ਼ ਕੀਤਾ ਗਿਆ ਪਰ ਉੱਤਰਦਾਤਾ ਨੂੰ ਇਸ ਦੀ ਕਾਪੀ ਨਹੀਂ ਭੇਜੀ ਗਈ । ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਪੱਤਰ ਦੀ ਕਾਪੀ ਉੱਤਰਦਾਤਾ ਨੂੰ ਭੇਜੀ ਜਾਵੇ ਜਿਸ ਤੇ ਉੱਤਰਦਾਤਾ ਆਪਣਾ ਜਵਾਬ ਪੇਸ਼ ਕਰੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ **ਸੁਣਵਾਈ ਲਈ ਮਿਤੀ 03-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 13 ਨਵੰਬਰ , 2019.**

**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਦੀਪ ਕੁਮਾਰ,
ਪੁੱਤਰ ਸ਼੍ਰੀ ਰਾਜ ਕੁਮਾਰ,
ਵਾਸੀ ਅਗਰਵਾਲ ਕਲੋਨੀ, ਵਾਰਡ ਨੰ:4 ਭਿੱਖੀ ,
ਤਹਿਸੀਲ ਤੇ ਜ਼ਿਲ੍ਹਾ ਮਾਨਸਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ। -------ਉੱਤਰਦਾਤਾ

**ਅਪੀਲ ਕੇਸ ਨੰ:1371 /2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ
2) ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਪੇਸ਼ੀ ਮਿਤੀ 23.10.2019 ਨੂੰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਕਿ ਉਸ ਨੂੰ ਅੱਜੇ ਤੱਕ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਪਾਇਆ ਜਾਵੇ ਅਤੇ ਉਸ ਨੂੰ ਸੂਚਨਾ ਜਲਦੀ ਤੋਂ ਜਲਦੀ ਮੁਹੱਈਆ ਕਰਵਾਈ ਜਾਵੇ। ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਨਾ ਹਾਜ਼ਰ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ।ਇਸ ਤੋਂ ਪਿਛਲੀ ਮਿਤੀ 14-08-2019 ਨੂੰ ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਦੀ ਬੇਨਤੀ ਅਨੁਸਾਰ ਉਤਰਦਾਤਾ ਨੂੰ ਸੂਚਨਾ ਮੁੱਹਈਆ ਕਰਾਉਣ ਲਈ ਸਮਾਂ ਦਿੱਤਾ ਗਿਆ ਸੀ ਪਰ ਉੱਤਰਦਾਤਾ ਵਲੋਂ ਨਾ ਤਾਂ ਸੂਚਨਾ ਹੀ ਮੁਹੱਈਆ ਕਰਵਾਈ ਗਈ ਅਤੇ ਨਾ ਹੀ ਅੱਜ ਉੱਤਰਦਾਤਾ ਵਲੋਂ ਕੋਈ ਹਾਜ਼ਰ ਹੋਇਆ ਜਦੋਂ ਕਿ ਸ਼੍ਰੀ ਮੁਕੇਸ਼ ਕੁਮਾਰ ਜੂਨੀਅਰ ਸਹਾਇਕ ਨੂੰ ਅੱਜ ਹਾਜ਼ਰ ਹੋਣਾ ਚਾਹੀਦਾ ਸੀ। ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਦੇ ਨੁਮਾਇੰਦੇ ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਦੀ ਬੇਨਤੀ ਅਨੁਸਾਰ ਸੂਚਨਾ ਮੁੱਹਈਆ ਕਰਾਉਣ ਲਈ ਸਮਾਂ ਦਿੱਤਾ ਗਿਆ ਸੀ ਇਸ ਦੇ ਬਾਵਜੂਦ ਅਪੀਲਕਰਤਾ ਨੂੰ ਅੱਜੇ ਤੱਕ ਕੋਈ ਸੂਚਨਾ ਮੁਹੱਈਆ ਨਹੀ ਕਰਵਾਈ ਗਈ ਅਤੇ ਨਾ ਹੀ ਕੋਈ ਹਾਜ਼ਰ ਹੋਇਆ। ਇਸ ਲਈ ਲੋਕ ਸੂਚਨਾ ਅਧਿਕਾਰੀ ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਹਦਾਇਤ ਕੀਤੀ ਗਈ ਸੀ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਬਣਦੀ ਸੂਚਨਾ ਭੇਜੀ ਜਾਵੇ ਅਤੇ ਨਾਲ ਹੀ ਅਗਲੀ ਨਿਸਚਿਤ ਪੇਸ਼ੀ ਦੀ ਮਿਤੀ ਤੇਂ ਨਿੱਜੀ ਪੱਧਰ ਤੇ ਪੇਸ਼ ਹੋ ਕੇ ਅਪੀਲਕਰਤਾ ਨੂੰ ਅੱਜੇ ਤੱਕ ਸੂਚਨਾ ਮੁਹੱਈਆਂ ਨਾ ਕਰਾਉਣ ਸਬਧੀ ਆਪਣਾ ਸਪਸ਼ੱਟੀਕਰਣ ਪੇਸ਼ ਕਰਨ ਕਿ ਕਿਉਂਨਾ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾਵੇ। ਇਸ ਦੇ ਨਾਲ ਹੀ ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਨੂੰ ਪੇਸ਼ੀ ਤੇ ਹਾਜ਼ਰ ਹੋਣਾ ਚਾਹੀਦਾ ਸੀ ਉਹ ਹਾਜ਼ਰ ਨਹੀਂ ਹੋਇਆ, ਇਸ ਲਈ ਕਿਉਂਨਾ ਉਸਨੂੰ ਜੁਰਮਾਨਾ ਪਾਇਆ ਜਾਵੇ ਉਹ ਵੀ ਆਪਣਾ ਸਪਸ਼ੱਟੀਕਰਣ ਪੇਸ਼ ਕਰੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਕਿ 11 ਮਹੀਨੇ ਦਾ ਸਮਾਂ ਬੀਤ ਜਾਣ ਤੇ ਵੀ ਸੂਚਨਾ ਪ੍ਰਾਪਤ ਨਹੀ਼ ਹੋਈ ਸਿਰਫ ਟਾਲਮਟੋਲ ਕਰਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਸਨੂੰ ਸਫਰ ਕਰਨ ਵਿਚ ਕਾਫੀ ਦਿਕੱਤ ਆਉਂਦੀ ਹੈ ਇਸ ਲਈ ਜੁਰਮਾਨੇ ਦੀ ਕਾਰਵਾਈ ਕਰਦੇ ਹੋਏ ਸੂਚਨਾ ਜਲਦੀ ਮੁਹੱਈਆ ਕਰਵਾਈ ਜਾਵੇ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਸਹਾਇਕ ਲੋਕ ਸੂਚਨਾ ਅਫਸਰ ਵਲੋਂ ਪੱਤਰ ਨੰ: ਆਈ.ਐਸ.ਪੀ.ਐਲ./ਆਰ.ਟੀ.ਆਈ. ਮਿਤੀ 13-11-2019 ਰਾਹੀਂ ਸੁਚਿਤ ਕੀਤਾ ਗਿਆ ਕਿ ਸਬੰਧਤ ਕਰਮਚਾਰੀ ਸ਼੍ਰੀ ਮੁਕੇਸ਼ ਕੁਮਾਰ ਜੂਨੀਅਰ ਸਹਾਇਕ ਦੀ ਥਾਂ ਜੋ ਕਰਮਚਾਰੀ ਲਗਾਇਆ ਗਿਆ ਹੈ, ਨੂੰ ਪਹਿਲਾਂ ਹੀ ਕੋਰਟ ਵਿੱਚ ਰਿਕਾਰਡ ਪੇਸ਼ ਕਰਨ ਲਈ ਪਾਬੰਦ ਕੀਤਾ ਹੋਇਆ ਹੈ ਅਤੇ ਉਸ ਕੇਸ ਵਿਚ ਮਾਨਯੋਗ ਅਦਾਲਤ ਵੱਲੋਂ ਆਖਰੀ ਮੌਕਾ ਦਿੱਤਾ ਗਿਆ ਹੈ, ਇਸ ਦੀ ਪੁਸਟੀ ਵਜੋ ਵਾਰੰਟ ਦੀ ਕਾਪੀ ਵੀ ਲਾਈ ਗਈ ਹੈ। ਇਸ ਲਈ ਹਾਜ਼ਰੀ ਤੋਂ ਛੋਟ ਮੰਗੀ ਗਈ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

**4.** ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਪੱਤਰਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਜਲਦੀ ਸੂਚਨਾ ਮੁਹੱਈਆ ਕਰਨ ਲਈ ਬੇਨਤੀ ਕੀਤੀ ਗਈ ਹੈ ਅਤੇ ਲੋਕ ਸੂਚਨਾ ਅਧਿਕਾਰੀ ਅਨੁਸਾਰ ਸਬੰਧਤ ਕਰਮਚਾਰੀ ਕਿਸੇ ਹੋਰ ਕੇਸ ਵਿਚ ਆਦਲਤ ਵਿਚ ਪਾਬੰਦ ਹੋਣ ਕਾਰਨ ਹਾਜ਼ਰ ਨਹੀਂ ਹੋ ਸਕਦਾ । ਇਸ ਲਈ ਦੋਨਾਂ ਧਿਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ **ਸੁਣਵਾਈ ਲਈ ਮਿਤੀ 04-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 13 ਨਵੰਬਰ , 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਨਮੇਦ ਸਿੰਘ (98156-19820)
ਪਿੰਡ ਤੇ ਡਾਕਖਾਨਾ ਬਖੋਰਾਂ ਕਲਾਂ, ਤਹਿਸੀਲ ਲਹਿਰਾ,
ਜ਼ਿਲ੍ਹਾ ਸੰਗਰੂਰ। --------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਐਸ.ਐਚ.ਓ. ਲਹਿਰਾ, ਜ਼ਿਲ੍ਹਾ ਸੰਗਰੂਰ। ----------ਉਤਰਦਾਤਾ

ਸ਼ਿਕਾਇਤ ਕੇਸ ਨੰ: 724/2019

ਹਾਜ਼ਰ:-

1) ਸ਼ਿਕਾਇਤਕਰਤਾ ਆਪ ਹਾਜ਼ਰ ਹੋਇਆ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਹਾਜ਼ਰ ਨਹੀਂ ਹੋਇਆ।

ਹੁੱਕਮ:

ਪਿਛਲੀ ਸੁਣਵਾਈ, ਮਿਤੀ 23-10-2019 ਨੂੰ ਪੇਸ਼ੀ ਤੇ ਸ਼ਿਕਾਇਤਕਰਤਾ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅਜੇ ਤੱਕ ਵੀ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਤੋਂ ਪਿਛਲੀ ਮਿਤੀ ਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਸੀ ਹੋਇਆ ਅਤੇ ਨਾ ਹੀ ਸ਼ਿਕਾਇਤਕਰਤਾ ਨੂੰ ਕੋਈ ਸੂਚਨਾ ਭੇਜੀ ਗਈ ਸੀ। ਉੱਤਰਦਾਤਾ ਵਲੋਂ ਨਾ ਤਾ ਕੋਈ ਹਾਜ਼ਰ ਹੋਇਆ ਅਤੇ ਨਾ ਹੀ ਕੋਈ ਸੂਚਨਾ ਭੇਜੀ ਸੀ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਐਸ.ਐਚ.ਓ.ਲਹਿਰਾ, ਜਿਲ੍ਹਾ ਸੰਗਰੂਰ ਨੂੰ ਤਾੜਨਾ ਕੀਤੀ ਗਈ ਸੀ ਕਿ ਅਗਲੀ ਪੇਸ਼ੀ ਦੀ ਮਿਤੀ ਤੋਂ ਪਹਿਲਾਂ ਪਹਿਲਾਂ ਸ਼ਿਕਾਇਤਕਰਤਾ ਨੂੰ ਬਣਦੀ ਸੂਚਨਾ ਭੇਜੀ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਲਿਖਤੀ ਰੂਪ ਵਿਚ ਆਪਣਾ ਸਪਸ਼ੱਟੀਕਰਣ ਦਿੱਤਾ ਜਾਵੇ ਕਿ ਸ਼ਿਕਾਇਤਕਰਤਾ ਨੂੰ ਅਜੇ ਤੱਕ ਸੂਚਨਾ ਕਿਉਂ ਨਹੀਂ ਭੇਜੀ ਗਈ। ਇਸ ਦੇ ਨਾਲ ਹੀ ਸੀਨੀਅਰ ਸੁਪਰਡੰਟ ਆਫ ਪੁਲਿਸ, ਸੰਗਰੂਰ ਨੂੰ ਲਿਖਿਆ ਗਿਆ ਸੀ ਕਿ ਐਸ.ਐਚ.ਓ. ਲਹਿਰਾ ਆਰ.ਟੀ.ਆਈ. ਐਕਟ 2005 ਦੀ ਪਾਲਣਾ ਨਹੀਂ ਕਰ ਰਿਹਾ ਇਸ ਲਈ ਉਸ ਵਿਰੁੱਧ ਲੋੜੀਦੀ ਕਾਰਵਾਈ ਕੀਤੀ ਜਾਵੇ ਅਤੇ ਉਸਨੂੰ ਹਦਾਇਤ ਕੀਤੀ ਜਾਵੇ ਕਿ ਅਗਲੀ ਪੇਸ਼ੀ ਦੀ ਮਿਤੀ ਤੋਂ ਪਹਿਲਾਂ ਪਹਿਲਾਂ ਸ਼ਿਕਾਇਤਕਰਤਾ ਨੂੰ ਆਰ.ਟੀ.ਆਈ.ਐਕਟ ਤਹਿਤ ਬਣਦੀ ਸੂਚਨਾ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਸ੍ਰੀ ਜਨਮੇਦ ਸਿੰਘ ਅੱਜ ਪੇਸ਼ੀ ਤੇ ਹਾਜ਼ਰ ਹੋਇਆ।ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਨ੍ਹਾਂ ਦੇ ਦਫਤਰ ਵਲੋਂ ਟੈਲੀਫੋਨ ਤੇ ਸੂਚਿਤ ਕੀਤਾ ਗਿਆ ਕਿ ਇਸ ਕੇਸ ਵਿਚ ਨੁਮਾਇੰਦਾ ਭੇਜਿਆ ਗਿਆ ਹੈ ਜੋ ਹਾਜ਼ਰ ਹੋਵੇਗਾ ਈ.ਮੇਲ ਵੀ ਭੇਜੀ ਜਾ ਰਹੀ ਹੈ ਅਗਲੀ ਮਿਤੀ ਦਿੱਤੀ ਜਾਵੇ।

4. ਇਸ ਕੇਸ ਵਿਚ ਸ਼ਿਕਾਇਤਕਰਤਾ ਦੀ ਦਲੀਲ ਕਿ ਉਸਨੂੰ ਜਲਦੀ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਉੱਤਰਦਾਤਾ ਦੀ ਬੇਨਤੀ ਕਿ ਅਗਲੀ ਮਿਤੀ ਦਿੱਤੀ ਜਾਵੇ ਨੂੰ ਧਿਆਨ ਵਿਚ ਰਖਦੇ ਹੋਏ ਉੱਤਰਦਾਤਾ ( ਲੋਕ ਸੂਚਨਾ ਅਧਿਕਾਰੀ ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਸਿਕਾਇਤਕਰਤਾ ਨੂੰ ਬਣਦੀ ਉੱਤਰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਤੇ ਹਾਜ਼ਰ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ **ਸੁਣਵਾਈ ਲਈ ਮਿਤੀ 04-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਨੋਟ:** ਕੋਰਟ ਦੀ ਕਾਰਵਾਈ ਖਤਮ ਹੋਣ ਉਪਰੰਤ ਲੋਕ ਸੂਚਨਾ ਅਧਿਕਾਰੀ ਵਲੋਂ ਸ੍ਰੀ ਸੰਜੀਵ ਕੁਮਾਰ, ਏ.ਐਸ.ਆਈ. ਹਾਜ਼ਰ ਹੋਇਆ ਉਸਨੂੰ ਅਦਾਲਤ ਵਿਚ ਹੋਈ ਕਾਰਵਾਈ ਬਾਰੇ ਜਾਣੂ ਕਰਵਾ ਦਿੱਤਾ ਗਿਆ।